ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ,ਕਪੂਰਥਲਾ

ਜ਼ਿਲ੍ਹਾ ਚੋਣ ਅਫ਼ਸਰ ਵਲੋਂ ਸ਼ਿਕਾਇਤ ਸੈੱਲ ਅਤੇ ਐਮ.ਸੀ.ਐਮ.ਸੀ ਦਾ ਦੌਰਾ

ਅਧਿਕਾਰੀਆਂ ਨੂੰ ਚੋਣ ਡਿਊਟੀ ਤਨਦੇਹੀ ਨਾਲ ਨਿਭਾਉਣ ਦੀ ਤਾਕੀਦ

ਹੁਣ ਤੱਕ 81 ਸ਼ਿਕਾਇਤਾਂ ਵਿਚੋਂ 72 ਦਾ ਨਿਪਟਾਰਾ

ਕਪੂਰਥਲਾ,13 ਜਨਵਰੀ-22

ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ੍ਰੀਮਤੀ ਦੀਪਤੀ ਉੱਪਲ ਵਲੋਂ ਅੱਜ ਪੰਜਾਬ ਵਿਧਾਨ ਸਭਾ ਚੋਣਾਂ 2022 ਲਈ ਸਥਾਪਿਤ ਕੀਤੇ ਗਏ ਵੱਖ-ਵੱਖ ਸੈੱਲਾਂ ਦਾ ਦੌਰਾ ਕਰਕੇ ਅਧਿਕਾਰੀਆਂ,ਕਰਮਚਾਰੀਆਂ ਨੂੰ ਚੋਣ ਡਿਊਟੀ ਪੂਰੇ ਉਤਸ਼ਾਹ ਨਾਲ ਨਿਭਾਉਣ ਲਈ ਕਿਹਾ ਗਿਆ।

ਉਨ੍ਹਾਂ ਵਧੀਕ ਡਿਪਟੀ ਕਮਿਸ਼ਨਰ(ਜ) ਸ੍ਰੀ ਅਦਿਤਿਆ ਉੱਪਲ ਅਤੇ ਹੋਰ ਅਧਿਕਾਰੀਆਂ ਸਮੇਤ ਸ਼ਿਕਾਇਤ ਸੈੱਲ 1950 ਟੋਲ ਫਰੀ ਨੰਬਰ ਅਤੇ ਜ਼ਿਲ੍ਹਾ ਪੱਧਰੀ ਮੀਡੀਆ ਮੋਨੀਟਰਿੰਗ ਤੇ ਸਰਟੀਫ਼ਿਕੇਸ਼ਨ ਸੈੱਲ ਦਾ ਦੌਰਾ ਕੀਤਾ।

ਉਨ੍ਹਾਂ 1950 ਟੋਲ ਫਰੀ ਨੰਬਰ ਉੱਪਰ ਲੋਕਾਂ ਦੀਆਂ ਆ ਰਹੀਆਂ ਸ਼ਿਕਾਇਤਾਂ ਅਤੇ ਲੋਕਾਂ ਵਲੋਂ ਚੋਣਾਂ ਸਬੰਧੀ ਜਾਣਕਾਰੀ ਪ੍ਰਾਪਤ ਕੀਤੇ ਜਾਣ ਦੀ ਪ੍ਰਕਿਰਿਆ ਬਾਰੇ ਅਧਿਕਾਰੀਆਂ ਵਲੋਂ ਰਿਪੋਰਟ ਪ੍ਰਾਪਤ ਕੀਤੀ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਚੋਣ ਪ੍ਰਕਿਰਿਆ ਅਤੇ ਬਿਨ੍ਹਾਂ ਕਿਸੇ ਡਰ,ਲਾਲਚ ਅਤੇ ਭੇਦਭਾਵ ਤੋਂ ਵੋਟ ਦਾ ਇਸਤੇਮਾਲ ਕਰਨ ਲਈ ਪ੍ਰੇਰਿਤ ਕੀਤਾ ਜਾਵੇ।

ਉਨ੍ਹਾਂ ਜ਼ਿਲ੍ਹਾ ਪੱਧਰੀ ਮੀਡੀਆ ਮੋਨੀਟਰਿੰਗ ਤੇ ਸਰਟੀਫ਼ਿਕੇਸ਼ਨ ਸੈੱਲ ਦਾ ਦੌਰਾ ਵੀ ਕੀਤਾ।ਇਸ ਮੌਕੇ ਮੈਂਬਰ ਸਕੱਤਰ ਜ਼ਿਲ੍ਹਾ ਪੱਧਰੀ ਮੀਡੀਆ ਮੋਨੀਟਰਿੰਗ ਤੇ ਸਰਟੀਫ਼ਿਕੇਸ਼ਨ ਸੈੱਲ-ਕਮ-ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਸੁਬੇਗ ਸਿੰਘ ਵਲੋਂ ਜ਼ਿਲ੍ਹਾ  ਚੋਣ ਅਫ਼ਸਰ ਤੇ ਹੋਰਨਾਂ ਅਧਿਕਾਰੀਆਂ ਨੂੰ ਮੀਡੀਆ ਮੋਨੀਟਰਿੰਗ ਵਿਚ ਇਸ਼ਤਿਹਾਰਾਂ,ਸੋਸ਼ਲ ਮੀਡੀਆਲ ਅਤੇ ਆਦਿ ਉੱਪਰ ਕੀਤੇ ਜਾਣ ਵਾਲੇ ਪ੍ਰਚਾਰ ਲਈ ਸਮੱਗਰੀ ਦੀ ਅਗਾਂਹੁ ਸਰਟੀਫਿਕੇਸ਼ਨ ਅਤੇ ਨਿਊਜ਼ ਚੈੱਨਲਾਂ ਤੋਂ ਇਲਾਵਾ ਸੋਸ਼ਲ ਮੀਡੀਆ ਉੱਪਰ ਕੀਤੀ ਜਾਣ ਵਾਲੀ ਨਿਗਰਾਨੀ ਬਾਰੇ ਜਾਣਕਾਰੀ ਦਿੱਤੀ।

ਜ਼ਿਲ੍ਹਾ ਚੋਣ ਅਫ਼ਸਰ ਵਲੋਂ ਸ਼ਿਕਾਇਤ ਸੈੱਲ ਦਾ ਵੀ ਦੌਰਾ ਕੀਤਾ ਗਿਆ,ਜਿੱਥੇ ਡਿਊਟੀ ਤੇ ਤਾਇਨਾਤ ਅਧਿਕਾਰੀਆਂ ਨੇ ਦੱਸਿਆ ਕਿ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਹੁਣ ਤੱਕ ਚਾਰਾਂ ਵਿਧਾਨ ਸਭਾ ਹਲਕਿਆਂ ਤੋਂ ਹੁਣ ਤੱਕ 81 ਸ਼ਿਕਾਇਤਾਂ ਪ੍ਰਾਪਤ ਹੋਈਆਂ ਹਨ ਜਿਨ੍ਹਾਂ ਵਿਚੋਂ 72 ਦਾ ਨਿਪਟਾਰਾ ਕਰ ਦਿੱਤਾ ਗਿਆ ਹੈ,ਕੁੱਲ ਸ਼ਿਕਾਇਤਾਂ ਵਿਚੋਂ 45 ਸ਼ਿਕਾਇਤਾਂ ਸੀ-ਵਿਜ਼ਲ ਐਪ ਉੱਪਰ ਵੀ ਪ੍ਰਾਪਤ ਹੋਈਆਂ ਹਨ,ਜਿਸ ਰਾਹੀਂ ਪ੍ਰਾਪਤ ਹੋਈ ਸ਼ਿਕਾਇਤ ਨੂੰ 100 ਮਿੰਟ ਦੇ ਅੰਦਰ-ਅੰਦਰ ਨਿਪਟਾਇਆ ਜਾਂਦਾ ਹੈ।  ਉਨ੍ਹਾਂ ਕਿਹਾ ਕਿ ਚੋਣ ਡਿਊਟੀ ਤੇ ਤਾਇਨਾਤ ਅਮਲਾ ਕੋਵਿਡ ਸਬੰਧੀ ਨਿਯਮਾਂ ਦੀ ਪਾਲਨਾਂ ਵੀ ਯਕੀਨੀ ਬਣਾਵੇ ਤਾਂ ਜੋ ਚੋਣਾਂ ਨੂੰ ਨਿਰਵਿਘਨ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕੇ।

ਇਸ ਮੌਕੇ ਵਧੀਕ ਜ਼ਿਲ੍ਹਾ ਚੋਣ ਅਫ਼ਸਰ ਸ੍ਰੀ ਅਦਿੱਤਿਯਾ ਉੱਪਲ,ਵਧੀਕ ਡਿਪਟੀ ਕਮਿਸ਼ਨਰ ਸ਼ਹਿਰੀ ਵਿਕਾਸ ਅਨੂਪਮ ਕਲੇਰ ਅਤੇ ਚੋਣ ਤਹਿਸੀਲਦਾਰ ਮਨਜੀਤ ਕੌਰ ਹਾਜ਼ਰ ਸਨ।